GOVERNMENT OF WESTERN AUSTRALIA

Working with Children Check

# Factsheet CAT16
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 16: ਖ਼ਾਸ ਤੌਰ 'ਤੇ ਬੱਚਿਆਂ ਲਈ ਟ੍ਰਾਂਸਪੋਰਟ (ਆਵਾਜਾਈ) ਸੇਵਾ

Punjabi | ਪੰਜਾਬੀ

ਖ਼ਾਸ ਤੌਰ 'ਤੇ ਬੱਚਿਆਂ ਲਈ ਟ੍ਰਾਂਸਪੋਰਟ ਸੇਵਾ ਵਿੱਚ ਉਹ ਸੇਵਾਵਾਂ ਸ਼ਾਮਲ ਨਹੀਂ ਹੁੰਦੀਆਂ ਹਨ ਜੋ ਆਮ ਭਾਈਚਾਰੇ ਨੂੰ ਪ੍ਰਦਾਨ ਕੀਤੀਆਂ ਜਾਂਦੀਆਂ ਹਨ ਅਤੇ ਬੱਚੇ ਉਸ ਸੇਵਾ ਦੇ ਹਿੱਸੇ ਵਜੋਂ ਉਸ ਸੇਵਾ ਨੂੰ ਵਰਤਦੇ ਹਨ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਂਦੀਆਂ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੀਆਂ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਟਰਾਂਸਪਰਥ ਬੱਸ ਡਰਾਈਵਰ ਜਿਨ੍ਹਾਂ ਦੀਆਂ ਆਮ ਡਿਊਟੀਆਂ ਵਿੱਚ ਖ਼ਾਸ ਤੌਰ 'ਤੇ ਬੱਚਿਆਂ ਲਈ ਬੱਸ ਸੇਵਾਵਾਂ ਮੁਹੱਈਆ ਕਰਨਾ ਸ਼ਾਮਲ ਹੁੰਦਾ ਹੈ
- ਬੱਚਿਆਂ ਦੀਆਂ ਪਾਰਟੀਆਂ, ਸਕੂਲ ਦੀਆਂ ਬਾਲ ਪਾਰਟੀਆਂ ਜਾਂ ਖ਼ਾਸ ਤੌਰ 'ਤੇ ਬੱਚਿਆਂ ਦੀਆਂ ਹੋਰ ਸੇਵਾਵਾਂ ਲਈ ਲਿਮੋਜ਼ਿਨ ਡਰਾਈਵਰ
- ਕਿਰਾਏ 'ਤੇ ਲਈਆਂ ਜਾਣ ਵਾਲੀਆਂ ਪ੍ਰਾਈਵੇਟ ਕੋਚ ਬੱਸ ਸੇਵਾਵਾਂ ਜੋ ਸਕੂਲਾਂ ਨੂੰ ਸੇਵਾ ਪ੍ਰਦਾਨ ਕਰਦੀਆਂ ਹਨ ਉਦਾਹਰਨ ਲਈ ਸਕੂਲੀ ਸੈਰ-ਸਪਾਟੇ, ਕੈਂਪਾਂ ਜਾਂ ਕਾਰਨੀਵਲਾਂ ਲਈ
- ਵੇਤਨ-ਸਹਿਤ ਜਾਂ ਸਵੈ-ਇੱਛਾ ਨਾਲ ਕੰਮ ਕਰਨ ਵਾਲੇ ਵਿਅਕਤੀ ਜੋ ਬੱਚਿਆਂ ਨੂੰ ਗਤੀਵਿਧੀਆਂ ਵਿੱਚ ਲਿਜਾ-ਲਿਆ ਰਹੇ ਹਨ, ਉਦਾਹਰਨ ਲਈ ਬੱਚਿਆਂ ਨੂੰ ਖੇਡ ਸਮਾਗਮਾਂ ਵਿੱਚ ਲਿਜਾਣਾ।

## ਛੋਟਾਂ

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- ਬਾਲ **ਵਾਲੰਟੀਅਰ (volunteers)** - 18 ਸਾਲ ਤੋਂ ਘੱਟ ਉਮਰ ਦੇ ਵਾਲੰਟੀਅਰਾਂ ਦੁਆਰਾ ਕੀਤੇ ਗਏ ਕੰਮ
- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**

- ਟ੍ਰਾਂਸਪੋਰਟ ਸੇਵਾ ਵਿੱਚ ਕਿਸੇ **ਮਾਤਾ ਜਾਂ ਪਿਤਾ (parent)** ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਹਨਾਂ ਦਾ ਆਪਣਾ ਬੱਚਾ ਇੱਕ ਯਾਤਰੀ ਹੈ, ਜਾਂ ਆਮ ਤੌਰ 'ਤੇ ਯਾਤਰੀ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਾਲੰਟੀਅਰ ਕਰਨ 'ਤੇ ਛੋਟ ਵੇਖੋ।
- ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਜਾਂ ਰਾਸ਼ਟਰੀ ਟੂਰ, Factsheet CRW02 - ਛੋਟਾਂ, ਇੱਕ ਵਾਰੀ ਦੇ ਰਾਸ਼ਟਰੀ ਸਮਾਗਮ ਅਤੇ ਰਾਸ਼ਟਰੀ ਟੂਰ ਵੇਖੋ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।